# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:06-04-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਅਤੇ BJP ਦੇ ਹੋਰਨਾਂ ਸੀਨੀਅਰ ਨੇਤਾਵਾਂ ਅਮਿਤ ਸ਼ਾਹ ਤੇ ਜਗਤ ਪ੍ਰਕਾਸ਼ ਨੱਡਾ ਨੇ, ਭਾਰਤੀ ਜਨਤਾ ਪਾਰਟੀ ਦੇ 45ਵੇਂ ਸਥਾਪਨਾ ਦਿਵਸ 'ਤੇ ਆਪਣੇ ਪਾਰਟੀ ਵਰਕਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ । ਅੱਜ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਪਾਰਟੀ ਨੂੰ ਬਣਾਉਣ ਲਈ ਸਾਲਾਂ ਦੌਰਾਨ ਕੀਤੀ ਮਿਹਨਤ, ਸੰਘਰਸ਼ ਅਤੇ ਕੁਰਬਾਨੀਆਂ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਨੂੰ ਐਨ.ਡੀ.ਏ ਦਾ ਇੱਕ ਅਨਿੱਖੜਵਾਂ ਅੰਗ ਹੋਣ 'ਤੇ ਮਾਣ ਏ ਅਤੇ ਉਹ, ਆਪਣੇ ਸਹਿਯੋਗੀਆਂ ਨਾਲ ਆਪਣੀ ਭਾਈਵਾਲੀ ਦੀ ਕਦਰ ਕਰਦੀ ਏ । ਇਸ ਦੌਰਾਨ ਅਮਿਤ ਸ਼ਾਹ ਨੇ BJP ਨੂੰ ਵਿਸ਼ਵ ਦੀ ਸਭ ਤੋਂ ਵੱਡੀ ਸਿਆਸੀ ਪਾਰਟੀ ਬਣਾਉਣ ਲਈ, ਪਾਰਟੀ ਵਰਕਰਾਂ ਦਾ ਧੰਨਵਾਦ ਵੀ ਕੀਤਾ। J.P ਨੱਡਾ ਨੇ ਪਾਰਟੀ

ਦੇ ਦੇਸ਼ ਭਰ ਵਿੱਚ ਵਿਸਤਾਰ ਕਰਨ ਲਈ, ਸੀਨੀਅਰ ਪਾਰਟੀ ਆਗੂਆਂ ਦਾ ਸਨਮਾਨ ਕੀਤਾ ।

------------------------------------------------------------

ਲੋਕ ਸਭਾ ਚੋਣਾਂ 2024 ਦੇ ਮੱਦੇਨਜ਼ਰ, ਬਠਿੰਡਾ ਸਿਵਲ ਤੇ ਪੁਲਿਸ ਪ੍ਰਸ਼ਾਸ਼ਨ ਵੱਲੋਂ ਜ਼ਿਲ੍ਹੇ ਅੰਦਰ ਅਲਕੋਹਲ ਨਾਲ ਸਬੰਧਤ ਉਦਯੋਗ, ਇਥਨੋਲ ਯੂਨਿਟਾਂ ਤੋਂ ਇਲਾਵਾ ਗੁਆਂਢੀ ਰਾਜਾਂ ਤੋਂ ਨਜ਼ਾਇਜ ਸ਼ਰਾਬ ਦੀ ਸਪਲਾਈ ਨੂੰ ਰੋਕਣ ਲਈ, ਸਖ਼ਤ ਨਿਗਰਾਨੀ ਰੱਖੀ ਜਾ ਰਹੀ ਏ । ਇਹ ਜਾਣਕਾਰੀ ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਕੱਲ੍ਹ BCL ਇੰਡਸਟਰੀਜ਼ ਸੰਗਤ ਕਲਾਂ ਦਾ ਅਚਨਚੇਤ ਦੌਰਾ ਕਰਦਿਆਂ ਸਾਂਝੀ ਕੀਤੀ। ਉਨ੍ਹਾਂ ਇੰਡਸਟਰੀਜ਼ ਦੇ ਇਥਨੋਲ ਯੂਨਿਟ, ਬੋਟਲਿੰਗ ਪਲਾਂਟ, ਵੇਅਰਹਾਊਸ, ਸੀ.ਸੀ.ਟੀ.ਵੀ ਕੈਮਰੇ, ਰਾਅ ਮਟੀਰੀਅਲ ਅਤੇ ਹੋਲੋਗ੍ਰਾਮ ਦਾ ਬਾਰੀਕੀ ਨਾਲ ਨਿਰੀਖਣ ਕੀਤਾ । ਜ਼ਿਲ੍ਹਾ ਪੁਲਿਸ ਮੁਖੀ ਦੀਪਕ ਪਾਰੀਕ ਵੀ ਉਨ੍ਹਾਂ ਨਾਲ ਮੌਜੂਦ ਰਹੇ । ਇਸ ਦੌਰਾਨ ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਆਦਰਸ਼ ਚੋਣ ਜ਼ਾਬਤੇ ਦੀ ਪਾਲਣਾ ਦੇ ਸਬੰਧ ਵਿੱਚ ਚੁੱਕੇ ਕਦਮਾਂ ਬਾਰੇ ਦੱਸਦਿਆਂ ਕਿਹਾ ਕਿ

ਹਰਿਆਣਾ ਨਾਲ ਲੱਗਦੀ ਅੰਤਰ-ਰਾਜੀ ਸਰਹੱਦ 'ਤੇ ਚੌਕਸੀ ਸਖ਼ਤ ਕਰ ਦਿੱਤੀ ਗਈ ਏ ਅਤੇ ਸਾਰੀਆਂ ਪ੍ਰਮੁੱਖ ਸੜਕਾਂ ਤੇ ਲਿੰਕ ਸੜਕਾਂ ਨੂੰ ਆਬਕਾਰੀ ਅਤੇ ਪੁਲਿਸ ਚੌਕੀਆਂ ਵੱਲੋਂ ਕਵਰ ਕੀਤਾ ਜਾਵੇਗਾ । ਉਨ੍ਹਾਂ ਵਲੋਂ ਸਿਰਸਾ ਦੇ ਡਿਪਟੀ ਕਮਿਸ਼ਨਰ ਨਾਲ ਵੀ ਮੀਟਿੰਗ ਕੀਤੀ ਜਾ ਚੁੱਕੀ ਏ ਅਤੇ ਅੰਤਰ-ਰਾਜੀ ਸਰਹੱਦ 'ਤੇ ਸ਼ਰਾਬ ਦੀਆਂ ਦੁਕਾਨਾਂ ਦੀ ਗਿਣਤੀ ਬਾਰੇ ਰਿਪੋਰਟ ਮੰਗੀ ਗਈ ਏ।

---------------------------------------------------------------

ਮੋਹਾਲੀ ਦੇ ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੋਟਰ ਰਜਿਸਟਰੇਸ਼ਨ ਕਰਵਾਉਣ ਅਤੇ ਵੋਟਾਂ ਵਾਲੇ ਦਿਨ ਪਹਿਲੀ ਜੂਨ ਨੂੰ, ਵੱਧ ਤੋਂ ਵੱਧ ਵੋਟਾਂ ਦੇ ਭੁਗਤਾਨ ਲਈ ਨਵੇਂ-ਨਵੇਂ ਉਪਰਾਲੇ ਕਰ ਰਿਹਾ ਏ । ਇਸੇ ਲੜੀ ਤਹਿਤ ਪ੍ਰਸ਼ਾਸਨ ਨੇ, ਵੱਖ-ਵੱਖ ਵੋਟਰ ਆਈਕਨ ਨਿਯੁਕਤ ਕੀਤੇ ਨੇ, ਜਿਨ੍ਹਾਂ ’ਚ ਜੂਨੀਅਰ ਵਰਲਡ ਕੱਪ ਹਾਕੀ ਜੇਤੂ ਟੀਮ ਦੇ ਕਪਤਾਨ ਹਰਜੀਤ ਸਿੰਘ, ਉੱਘੀ ਫਿਲਮ ਅਦਾਕਾਰਾ ਰਾਜ ਧਾਲੀਵਾਲ, ਪਦਮ ਸ੍ਰੀ ਪ੍ਰੇਮ ਸਿੰਘ, ਦਿਵਿਆਂਗਜਨ ਲੋਕਾਂ ਨੂੰ ਸਮਰਪਿਤ ਸ਼ਖਸੀਅਤ ਪੂਨਮ ਲਾਲ ਅਤੇ ਰਾਜ ਆਈਕਨ ਸੁਮੇਧਾ

ਤਿਆਗੀ ਸ਼ਾਮਿਲ ਨੇ। ਇਨ੍ਹਾਂ ਨਵ-ਨਿਯੁੱਕਤ ਜ਼ਿਲ੍ਹਾ ਚੋਣ ਆਈਕਨਜ਼ ਨਾਲ ਮੀਟਿੰਗ ਕਰਦੇ ਹੋਏ, ਆਸ਼ਿਕਾ ਜੈਨ ਨੇ ਕਿਹਾ ਕਿ ਚੋਣ ਆਈਕਨਜ਼ ਦੀ ਸਖਸ਼ੀਅਤ ਦਾ ਆਮ ਵੋਟਰਾਂ ’ਤੇ ਚੰਗਾ ਪ੍ਰਭਾਵ ਹੰਦਾ ਏ, ਇਸ ਲਈ ਉਹ, ਆਪਣੀ ਸਖਸ਼ੀਅਤ ਰਾਹੀਂ ਵੱਧ ਤੋਂ ਵੱਧ ਵੋਟਰਾਂ ਨੂੰ ਮਤਦਾਨ ’ਚ ਹਿੱਸਾ ਲੈਣ ਲਈ ਪ੍ਰੇਰਿਤ ਕਰਨ।

-----------------------------------------------

ਲੋਕ ਸਭਾ ਚੋਣਾਂ 2024 ਦੇ ਮੱਦੇਨਜ਼ਰ ਵੋਟਰਾਂ ਦੀ ਵੋਟਿੰਗ ‘ਚ ਸ਼ਮੂਲੀਅਤ ਵਧਾਉਣ ਲਈ, ਬਰਨਾਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਪੂਨਮਦੀਪ ਕੌਰ ਦੀ ਅਗਵਾਈ ਹੇਠ, ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਪਿੰਡ ਸਹਿਜੜਾ ਵਿਖੇ ਵਿਸ਼ੇਸ਼ ਵੋਟਰ ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਜ਼ਿਲ੍ਹਾ ਪੁਲਿਸ ਮੁਖੀ ਸੰਦੀਪ ਮਲਿਕ ਵੀ ਇਸ ਮੌਕੇ ਤੇ ਮੌਜੂਦ ਰਹੇ। ਸਹਾਇਕ ਰਿਟਰਨਿੰਗ ਅਫ਼ਸਰ ਸਤਵੰਤ ਸਿੰਘ ਦੀ ਅਗਵਾਈ ਹੇਠ ਕਰਵਾਏ ਇਸ ਸਮਾਗਮ ਨੂੰ ਸੰਬੋਧਨ ਕਰਦਿਆਂ, ਪੂਨਮਦੀਪ ਕੌਰ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪਹਿਲੀ ਜੂਨ ਨੂੰ ਵੱਧ ਚੜ੍ਹ ਕੇ ਮਤਦਾਨ ਕਰਨ ਅਤੇ ਆਪਣੇ ਆਸ

ਪਾਸ ਦੇ ਲੋਕਾਂ ਨੂੰ ਵੀ ਬਿਨਾਂ ਕਿਸੇ ਡਰ ਜਾਂ ਲਾਲਚ ਤੋਂ ਵੋਟ ਪਾਉਣ ਲਈ ਪ੍ਰੇਰਣ। ਉਨ੍ਹਾਂ ਕਿਹਾ ਕਿ ਆਪਣੇ ਵਡਮੁੱਲੇ ਵੋਟ ਦਾ ਇਸਤਮਾਲ ਸਹੀ ਢੰਗ ਨਾਲ ਕਰਕੇ ਅਸੀਂ ਨਾ ਸਿਰਫ ਦੇਸ਼ ਦੇ ਵਿਕਾਸ ਵੱਲ ਮਹੱਤਵਪੂਰਨ ਯੋਗਦਾਨ ਪਾਉਂਦੇ ਹਾਂ ਬਲਕਿ ਸਹੀ ਸਰਕਾਰ ਚੁਣ ਕੇ ਦੁਨੀਆਂ ਉੱਤੇ ਆਪਣੇ ਦੇਸ਼ ਦਾ ਨਾਂ ਰੋਸ਼ਨ ਕਰ ਸਕਦੇ ਹਾਂ।

--------------------------------------------------

ਲੁਧਿਆਣਾ ਜ਼ਿਲ੍ਹੇ ਦੇ ਸਮਰਾਲਾ ਵਿਖੇ, ਚਹਿਲਾ ਫਲਾਈ-ਓਵਰ 'ਤੇ ਬੀਤੀ ਰਾਤ ਵਾਪਰੇ ਭਿਆਨਕ ਹਾਦਸੇ ਦੌਰਾਨ ਪੈਦਲ ਜਾ ਰਹੀਆਂ 2 ਔਰਤਾਂ ਅਤੇ ਇਕ ਬੱਚੇ ਨੂੰ, ਪਿੱਛੋਂ ਆ ਰਹੀ ਤੇਜ਼ ਰਫਤਾਰ ਕਾਰ ਨੇ ਕੁਚਲ ਦਿੱਤਾ। ਇਸ ਹਾਦਸੇ 'ਚ ਦੋਵੇਂ ਔਰਤਾਂ ਅਤੇ ਇਕ ਸਾਲ ਦੇ ਮਾਸੂਮ ਬੱਚੇ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਸ ਨੇ ਮੌਕੇ 'ਤੇ ਪਹੁੰਚ ਕੇ, ਦੋਸ਼ੀ ਕਾਰ ਚਾਲਕ ਨੂੰ ਗ੍ਰਿਫਤਾਰ ਕਰ ਲਿਆ। ਇਸ ਦੌਰਾਨ ਸਮਰਾਲਾ ਦੇ ਪਿੰਡ ਦਿਆਲਪੁਰਾ ਵਿਖੇ, ਫਲਾਈ-ਓਵਰ 'ਤੇ ਬੀਤੀ ਅੱਧੀ ਰਾਤ 2 ਕਾਰਾਂ ਦੀ ਟੱਕਰ ਵਿੱਚ, ਕਾਰ ਸਵਾਰ ਲੁਧਿਆਣਾ ਦੇ ACP ਅਤੇ ਡਰਾਈਵਰ ਦੀ ਮੌਤ ਹੋ ਗਈ ਜਦਕਿ ਇੱਕ ਪੁਲਿਸ ਮੁਲਾਜ਼ਮ ਗੰਭੀਰ ਜ਼ਖ਼ਮੀ ਹੋ

ਗਿਆ। ਮ੍ਰਿਤਕ ACP ਦੀ ਪਛਾਣ ਸੰਦੀਪ ਸਿੰਘ ਅਤੇ ਗੰਨਮੈਨ ਦੀ ਪਛਾਣ ਪਰਮਜੋਤ ਵਜੋਂ ਕੀਤੀ ਗਈ ਏ। ਸੰਦੀਪ ਸਿੰਘ ਲੁਧਿਆਣਾ ਤੋਂ ਪਹਿਲਾਂ ਸੰਗਰੂਰ ਵਿੱਚ ਤਾਇਨਾਤ ਸਨ। ਦੋਵਾਂ ਕਾਰਾਂ ਦੀ ਟੱਕਰ ਇੰਨੀ ਭਿਆਨਕ ਸੀ, ਕਿ ਦੋਵੇਂ ਕਾਰਾਂ ਡਿਵਾਈਡਰ ਨਾਲ ਟਕਰਾ ਗਈਆਂ, ਜਿਸ ਕਾਰ 'ਚ ACP ਸੰਦੀਪ ਸਵਾਰ ਸਨ, ਉਸ ਨੂੰ ਅੱਗ ਲੱਗ ਗਈ, ਜਿਸ ਨਾਲ ਡਰਾਈਵਰ ਤੇ ਗੰਨਮੈਨ ਸਮੇਤ ਉਨ੍ਹਾਂ ਨੂੰ ਖੁਦ ਵੀ ਬਾਹਰ ਨਿਕਲਣ ਦਾ ਮੌਕਾ ਹੀ ਨਹੀਂ ਮਿਲਿਆ। ਲੋਕਾਂ ਦੀ ਮਦਦ ਨਾਲ ਉਨ੍ਹਾਂ ਨੂੰ ਬਾਹਰ ਕੱਢਿਆ ਗਿਆ। ਜ਼ਖਮੀ ਪੁਲਿਸ ਜਵਾਨ ਦੀ ਹਾਲਤ ਵੀ ਗੰਭੀਰ ਦੱਸੀ ਜਾਂਦੀ ਏ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਏ।

---------------------------------------------------

ਦੋਆਬਾ ਕਿਸਾਨ ਕਮੇਟੀ ਪੰਜਾਬ ਵੱਲੋਂ ਗੰਨੇ ਦੇ ਬਕਾਏ ਜਾਰੀ ਕਰਨ ਅਤੇ ਸੀਜ਼ਨ 2023-24 ਦੀ ਸਬਸਿਡੀ ਕਿਸਾਨਾਂ ਦੇ ਖਾਤਿਆਂ ਵਿੱਚ ਜਮ੍ਹਾਂ ਕਰਵਾਉਣ ਸਮੇਤ ਹੋਰ ਮੰਗਾਂ ਨੂੰ ਲੈ ਕੇ, ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਦੀ ਪ੍ਰਧਾਨਗੀ ਹੇਠ ਕੱਲ ਪ੍ਰਬੰਧਕੀ ਕੰਪਲੈਕਸ ਪਠਾਨਕੋਟ ਵਿੱਚ ਧਰਨਾ ਦਿੱਤਾ ਗਿਆ। ਕਿਸਾਨਾਂ ਨੇ ਡਿਪਟੀ ਕਮਿਸ਼ਨਰ ਅਦਿੱਤਿਆ

ਉੱਪਲ ਨੂੰ ਇਕ ਮੰਗ ਪੱਤਰ ਵੀ ਸੌਂਪਿਆ। ਇਸ ਦੇ ਨਾਲ ਹੀ ਅਗਲੇ ਸੀਜ਼ਨ ਲਈ ਗੰਨੇ ਦਾ ਰੇਟ ਐਲਾਨਣ ਦੀ ਮੰਗ ਕਰਦਿਆਂ ਚੇਤਾਵਨੀ ਦਿੱਤੀ ਗਈ ਕਿ ਕਿਸਾਨਾਂ ਦੀ ਹੜਤਾਲ ਕਾਰਨ ਆਮ ਲੋਕਾਂ ਨੂੰ ਪ੍ਰੇਸ਼ਾਨ ਹੋਣ ਤੋਂ ਬਚਾਇਆ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਵੱਲੋਂ ਬਕਾਇਆ ਰਾਸ਼ੀ ਲਈ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਏ ਅਤੇ ਇਸ ਸਬੰਧੀ ਪਹਿਲਾਂ ਵੀ ਕਈ ਵਾਰ ਸਰਕਾਰ ਨੂੰ ਮੰਗ ਪੱਤਰ ਭੇਜੇ ਗਏ ਸਨ, ਪਰ ਇਸ ਵਾਰ ਗੰਨੇ ਦਾ ਸੀਜ਼ਨ ਖ਼ਤਮ ਹੋ ਗਿਆ ਏ।